੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 19-10-2023 (03 ਕੱਤਕ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 1048 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ੍ਰ. ਸਰਵਣ ਸਿੰਘ ਕੁਲਾਰ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਸ੍ਰ. ਸਰਵਣ ਸਿੰਘ ਕੁਲਾਰ ਖਾਲਸਾ ਪੰਥ ਨੂੰ ਸਮਰਪਿਤ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਹਮੇਸ਼ਾ ਹੀ ਪੰਥਕ ਸਰੋਕਾਰਾਂ ਦੀ ਗੱਲ ਕੀਤੀ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਨਸਾਰ ਸਖਸ਼ੀਅਤ ਦੇ ਮਾਲਕ ਸਨ।ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ, ਸੰਸਥਾ ਦੀ ਚੜ੍ਹਦੀ ਕਲਾ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਸਰਵਣ ਸਿੰਘ ਕੁਲਾਰ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

**ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨191

ਮਿਤੀ ੨੪-10-2023

ਉਤਾਰਾ:

1. ਆਰ. ਕੇ. ਜੀ ਟਰੱਸਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾਂ ਪਾਸ ਇੱਕ-ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫ਼ਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 19-10-2023 (03 ਕੱਤਕ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 1049 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਬੀ ਪਰਮਜੀਤ ਕੌਰ ਬਜਾਜ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਬੀਬੀ ਪਰਮਜੀਤ ਕੌਰ ਬਜਾਜ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਬੀਬੀ ਪਰਮਜੀਤ ਕੌਰ ਬਜਾਜ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੭੨।੧੨

ਮਿਤੀ ੨4-10 -2023

ਉਤਾਰਾ:
1. ਆਰ. ਕੇ. ਜੀ ਟਰੱਸਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾਂ ਪਾਸ ਇੱਕ-ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੳ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 19-10-2023 (03 ਕੱਤਕ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 1089 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਸਤਲੁਜ ਯਮੁਨਾ ਲਿੰਕ ਨਹਿਰ (ਐਸਵਾਈਐਲ) ਦੇ ਸਬੰਧ ਵਿਚ ਵਚਨਬੱਧਤਾ ਪ੍ਰਗਟਾਉਂਦੀ ਹੈ ਕਿ ਪੰਜਾਬ ਨਾਲ ਪਾਣੀਆਂ ਦੇ ਮਸਲੇ 'ਤੇ ਕੋਈ ਵੀ ਜ਼ਬਰਦਸਤੀ ਸਹਿਣ ਨਹੀਂ ਕੀਤੀ ਜਾਵੇਗੀ।

ਸੁਪਰੀਮ ਕੋਰਟ ਵੱਲੋਂ 4 ਅਕਤੂਬਰ 2023 ਨੂੰ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਐਸਵਾਈਐਲ ਦੇ ਮਾਮਲੇ ਵਿਚ ਸਰਵੇਖਣ ਸਬੰਧੀ ਹਦਾਇਤਾਂ ਮਗਰੋਂ ਪੰਜਾਬ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਸੂਬੇ ਦੇ ਹੱਕਾਂ ਹਿੱਤਾਂ ਦੀ ਤਰਜ਼ਮਾਨੀ ਕਰੇ ਅਤੇ ਸਾਫ਼ ਤੌਰ 'ਤੇ ਨਹਿਰ ਦੇ ਵਿਰੋਧ ਵਿਚ ਆਪਣਾ ਪੱਖ ਦਰਜ਼ ਕਰਾਏ। ਸੁਪਰੀਮ ਕੋਰਟ ਦੀ ਹਾਲ ਹੀ ਵਿਚ ਹੋਈ ਕਾਰਵਾਈ ਵਿਚ ਪੰਜਾਬ ਦੀ ਮੌਜੂਦਾ ਸਰਕਾਰ ਦੀ ਭੂਮਿਕਾ ਸਵਾਲਾਂ ਦੇ ਘੇਰੇ ਵਿਚ ਹੈ, ਕਿਉਂਕਿ ਉਨ੍ਹਾਂ ਨੇ ਮਾਨਯੋਗ ਅਦਾਲਤ ਵਿਚ ਪੰਜਾਬ ਦੇ ਹੱਕ ਵਿਚ ਆਪਣਾ ਸਪੱਸ਼ਟ ਪੱਖ ਨਹੀਂ ਰੱਖਿਆ ਹੈ।

ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ, ਜਿਥੋਂ ਦੇ ਕਿਸਾਨ ਲਗਾਤਾਰ ਪਾਣੀ ਦੇ ਸੰਕਟ ਨਾਲ ਜੂਝ ਰਹੇ ਹਨ। ਕਿਸਾਨ ਨਹਿਰੀ ਪਾਣੀ ਦੀ ਸੀਮਤ ਉਪਲੱਬਧਤਾ ਕਰਕੇ ਲੱਖਾਂ ਦੀ ਗਿਣਤੀ ਵਿਚ ਟਿਊਬਵੈਲਾਂ ਰਾਹੀਂ ਧਰਤੀ ਹੇਠਲੇ ਪਾਣੀ ਨਾਲ ਖੇਤੀ ਕਰ ਰਹੇ ਹਨ, ਜਿਸ ਦੇ ਕਾਰਨ ਪੰਜਾਬ ਦਾ ਵੱਡਾ ਖੇਤਰ 'ਡਾਰਕ ਜ਼ੋਨ' ਦੀ ਸਮੱਸਿਆ ਹੇਠ ਹੈ। ਇਕੱਲਾ ਖੇਤੀ ਲਈ ਹੀ ਨਹੀਂ, ਸਗੋਂ ਪੰਜਾਬ ਦੇ ਲੋਕ ਪੀਣ ਵਾਲੇ ਪਾਣੀ ਨੂੰ ਵੀ ਤਰਸ ਰਹੇ ਹਨ। ਇਸ ਲਈ ਪੰਜਾਬ ਦੇ ਹੱਕਾਂ ਨੂੰ ਅੱਖੋਂ ਪਰੋਖੇ ਕਰਕੇ ਐਸਵਾਈਐਲ ਦੀ ਸਥਾਪਨਾ ਬਾਰੇ ਸੋਚਣਾ ਸੂਬੇ ਨਾਲ ਧ੍ਰੋਹ ਹੋਵੇਗਾ, ਜਿਸ ਨੂੰ ਇਸ ਖਿੱਤੇ ਦੇ ਲੋਕ ਕਦੇ ਪ੍ਰਵਾਨ ਨਹੀਂ ਕਰਨਗੇ।

ਪਹਿਲਾਂ ਹੀ ਪਾਣੀਆਂ ਸਬੰਧੀ ਅੰਤਰਰਾਸ਼ਟਰੀ ਰਾਏਪੇਰੀਅਨ ਕਾਨੂੰਨ ਦੀ ਉਲੰਘਣਾ ਕਰਕੇ ਪੰਜਾਬ ਦੇ ਹਿੱਸੇ ਦਾ ਬਹੁਤਾ ਪਾਣੀ ਹਰਿਆਣਾ, ਰਾਜਿਸਥਾਨ ਅਤੇ ਦਿੱਲੀ ਸੂਬਿਆਂ ਨੂੰ ਦਿੱਤਾ ਜਾ ਰਿਹਾ ਹੈ। ਇਥੋਂ ਤੱਕ ਕਿ ਦਿੱਤੇ ਗਏ ਇਸ ਪਾਣੀ ਦੇ ਬਦਲੇ ਪੰਜਾਬ ਨੂੰ ਕਿਸੇ ਤਰ੍ਹਾਂ ਦਾ ਕੋਈ ਇਵਜ਼ਾਨਾ ਨਹੀਂ ਦਿੱਤਾ ਗਿਆ ਅਤੇ ਨਾ ਹੀ ਦਿੱਤਾ ਜਾ ਰਿਹਾ ਹੈ।

ਜੇਕਰ ਪੰਜਾਬ ਨਾਲ ਪਾਣੀਆਂ ਦੇ ਮਸਲੇ 'ਤੇ ਹੁਣ ਕੋਈ ਹੋਰ ਧੱਕਾ ਹੁੰਦਾ ਹੈ, ਤਾਂ ਇਸ ਬਾਬਤ ਸਿੱਖ ਸੰਸਥਾ ਸ਼੍ਰੋਮਣੀ ਗੁ:ਪ੍ਰ:ਕਮੇਟੀ ਪੰਜਾਬ ਦੇ ਹੱਕ ਵਿਚ ਡੱਟ ਕੇ ਖੜ੍ਹੇਗੀ। ਐਸਵਾਈਐਲ ਦੇ ਵਿਰੋਧ ਵਿਚ ਖੜ੍ਹੀਆਂ ਸਮੁੱਚੀਆਂ ਰਾਜਸੀ, ਸਮਾਜਿਕ, ਕਿਸਾਨੀ ਅਤੇ ਧਾਰਮਿਕ ਜਥੇਬੰਦੀਆਂ ਦੇ ਨਾਲ-ਨਾਲ ਪੰਜਾਬ ਦੇ ਲੋਕਾਂ ਨੂੰ ਸ਼੍ਰੋਮਣੀ ਗੁ:ਪ੍ਰ: ਕਮੇਟੀ ਵਿਸ਼ਵਾਸ ਦਿਵਾਉਂਦੀ ਹੈ ਕਿ ਜਿਥੇ ਵੀ ਲੋੜ ਪਵੇਗੀ, ਸਿੱਖ ਸੰਸਥਾ ਮੋਹਰੀ ਹੋ ਕੇ ਆਪਣੀ ਜ਼ੁੰਮੇਵਾਰੀ ਨਿਭਾਵੇਗੀ।

ਸ਼੍ਰੋਮਣੀ ਗੁ:ਪ੍ਰ:ਕਮੇਟੀ ਭਾਰਤ ਸਰਕਾਰ ਨੂੰ ਵੀ ਅਪੀਲ ਕਰਦੀ ਹੈ ਕਿ ਪੰਜਾਬ ਦੇ ਇਸ ਸੰਵੇਦਨਸ਼ੀਲ ਮਾਮਲੇ 'ਤੇ ਪਾਣੀਆਂ ਸਬੰਧੀ ਅੰਤਰਰਾਸ਼ਟਰੀ ਰਾਏਪੇਰੀਅਨ ਕਾਨੂੰਨ ਅਤੇ ਮਾਨਵੀ ਸਰੋਕਾਰਾਂ ਦੇ ਮੱਦੇਨਜ਼ਰ ਇਹ ਯਕੀਨੀ ਬਣਾਵੇ ਕਿ ਪੰਜਾਬ ਨਾਲ ਬੇਇਨਸਾਫ਼ੀ ਨਾ ਹੋਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੧੦ ਮਿਤੀ ੨੪-੧੦-2023

ਉਤਾਰਾ:
1. ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸ੍ਰੀ ਬਨਵਾਰੀ ਲਾਲ ਜੀ, ਪੁਰੋਹਿਤ, ਰਾਜਪਾਲ, ਪੰਜਾਬ ਰਾਜ ਭਵਨ, ਚੰਡੀਗੜ੍ਹ।
3. ਸ੍ਰੀ ਭਗਵੰਤ ਮਾਨ, ਮੁੱਖ ਮੰਤਰੀ, ਪੰਜਾਬ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 19-10-2023 (03 ਕੱਤਕ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 1093 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਕੱਤਰਤਾ 1984 ਸਿੱਖ ਕਤਲੇਆਮ ਦੇ ਪੀੜਤਾਂ ਦੇ ਬੀਤੇ ਸਮੇਂ ਅੰਦਰ ਰੱਦ ਕੀਤੇ ਗਏ ਲਾਲ ਕਾਰਡ ਤੁਰੰਤ ਬਹਾਲ ਕਰਨ ਦੀ ਪੰਜਾਬ ਸਰਕਾਰ ਪਾਸੋਂ ਮੰਗ ਕਰਦੀ ਹੈ। 1984 ਦਾ ਸਿੱਖ ਕਤਲੇਆਮ ਸਿੱਖ ਕੌਮ ਲਈ ਕਦੇ ਵੀ ਨਾ ਭੁੱਲਣਯੋਗ ਦੁਖਾਂਤ ਹੈ। ਦੁੱਖ ਦੀ ਗੱਲ ਹੈ ਕਿ ਚਾਰ ਦਹਾਕੇ ਬੀਤ ਜਾਣ ਮਗਰੋਂ ਵੀ ਪੀੜਤਾਂ ਨੂੰ ਇਨਸਾਫ਼ ਦੇਣ ਦੀ ਥਾਂ ਸਰਕਾਰਾਂ ਵੱਲੋਂ ਉਨ੍ਹਾ ਨੂੰ ਹੋਰ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਪੰਜਾਬ ਦੀ ਪਿਛਲੀ ਕਾਂਗਰਸ ਸਰਕਾਰ ਵੱਲੋਂ 135 ਲਾਲ ਕਾਰਡ ਰੱਦ ਕਰਕੇ ਸਿੱਖ ਕਤਲੇਆਮ ਪੀੜਤਾਂ ਨਾਲ ਇੱਕ ਹੋਰ ਬੇਇਨਸਾਫ਼ੀ ਕੀਤੀ ਗਈ ਹੈ, ਜੋ ਬੇਹੱਦ ਮੰਦਭਾਗਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਪੰਜਾਬ ਸਰਕਾਰ ਨੂੰ ਸਿੱਖ ਕਤਲੇਆਮ ਪੀੜਤਾਂ ਦੇ ਲਾਲ ਕਾਰਡ ਤੁਰੰਤ ਬਹਾਲ ਕਰਨ ਲਈ ਅਪੀਲ ਕਰਦਿਆਂ ਮੰਗ ਕਰਦੀ ਹੈ ਕਿ ਪੀੜਤਾਂ ਨੂੰ ਸੁਣ ਕੇ ਉਨ੍ਹਾਂ ਦੀ ਭਲਾਈ ਲਈ ਹੋਰ ਲੋੜੀਂਦੀਆਂ ਯੋਜਨਾਵਾਂ ਬਣਾਈਆਂ ਜਾਣ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੧੧੧33

ਮਿਤੀ 30-10-2023

ਉਤਾਰਾ:
1. ਭਗਵੰਤ ਮਾਨ, ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ।
2. ਐਡੀ:ਸਕੱਤਰ ਜੀ, ਸਬ ਆਫਿਸ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 19-10-2023 (03 ਕੱਤਕ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 1102 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਏਸ਼ੀਅਨ ਖੇਡਾਂ ਵਿੱਚ ਮੈਡਲ ਜਿੱਤਣ ਵਾਲੇ ਸਾਬਤ ਸੂਰਤ ਸਿੱਖ ਅਤੇ ਪੰਜਾਬੀ ਖਿਡਾਰੀਆਂ ਨੂੰ ਮਾਨ-ਸਨਮਾਨ ਕਰਨ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਏਸ਼ੀਅਨ ਖੇਡਾਂ ਵਿੱਚੋਂ ਸੋਨ ਤਮਗਾ ਜਿੱਤਣ ਵਾਲੀ ਹਾਕੀ ਟੀਮ ਦੇ ਸਾਬਤ ਸੂਰਤ ਸਿੱਖ ਖਿਡਾਰੀ ਸ੍ਰ. ਜਰਮਨਜੀਤ ਸਿੰਘ ਨੂੰ 2,00,000/-ਅੱਖਰੀਂ ਦੋ ਲੱਖ ਰੁਪਏ ਅਤੇ ਦੂਜੇ ਪੰਜਾਬੀ ਖਿਡਾਰੀਆਂ ਤੇ ਕੋਚਾਂ ਨੂੰ 50-50 ਅੱਖਰੀਂ ਪੰਜਾਹ-ਪੰਜਾਹ ਹਜ਼ਾਰ ਰੁਪਏ ਅਤੇ ਸ਼ੂਟਰ ਬੀਬੀ ਸਿਫਤ ਕੌਰ ਨੂੰ ਵੀ 50,000/-ਅੱਖਰੀਂ ਪੰਜਾਹ ਹਜ਼ਾਰ ਰੁਪਏ ਧਰਮ ਅਰਥ ਫੰਡ ਵਿਚੋਂ ਮਾਨ-ਸਨਮਾਨ ਵਜੋਂ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 92239

ਮਿਤੀ 30-10-2023

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ੧ੳ ਵਾਹਿਗੁਰੂ ਜੀ ਕੀ ਫਤਹ ॥ ੴ

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 19-10-2023 (03 ਕੱਤਕ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 1108 ਦੀ ਨਕਲ :-**

ਗੁਰਦੁਆਰਾ ਸ੍ਰੀ ਗੁਰੂ ਨਾਨਕ ਲਾਮਾ ਸਾਹਿਬ, ਡੇਰਾ ਕਾਰ ਸੇਵਾ ਗੁਰਦੁਆਰਾ ਬੰਗਲਾ ਸਾਹਿਬ, ਨਿਊ ਦਿੱਲੀ ਦੀ ਪੱਤ੍ਰਿਕਾ ਮਿਤੀ 12-10-2023 ਅਨੁਸਾਰ ਮਿਤੀ 4-10-2023 ਨੂੰ ਆਏ ਹੜ੍ਹਾਂ ਵਿੱਚ ਗੁ: ਸਾਹਿਬ ਦੀ ਇਮਾਰਤ ਨੁਕਸਾਨੀ ਗਈ ਸੀ, ਦੀ ਰਿਪੇਅਰ ਲਈ ਸਹਾਇਤਾ ਦੀ ਕੀਤੀ ਮੰਗ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਗੁਰਦੁਆਰਾ ਨਾਨਕ ਲਾਮਾਂ ਸਾਹਿਬ ਕਮੇਟੀ ਨੂੰ ਗੁ: ਸਾਹਿਬ ਦੀ ਇਮਾਰਤ ਦੀ ਰਿਪੇਅਰ ਲਈ ਕੁਦਰਤੀ ਆਫਤਾਂ ਫੰਡ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵਿੱਚੋਂ 5,00,000/- ਅੱਖਰੀਂ ਪੰਜ ਲੱਖ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

**ਇਹ ਵੀ ਪ੍ਰਵਾਨ ਹੋਇਆ ਕਿ ਸਹਾਇਤਾ ਉਪਰੋਕਤ ਪੱਤ੍ਰਿਕਾ ਵਿਚ ਦਰਸਾਏ ਗੁਰਦੁਆਰਾ ਸਾਹਿਬ ਦੇ ਖਾਤੇ ਵਿੱਚ ਆਨਲਾਈਨ ਤਬਦੀਲ ਕਰ ਦਿੱਤੀ ਜਾਵੇ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22208

ਮਿਤੀ 26-10-2023

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।